# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਰਾਸ਼ਟਰ ਦੇ ਵਾਸ਼ਿਮ ਵਿੱਚ 23 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਕਈ ਵਿਕਾਸ ਪ੍ਰੋਜੈਕਟ ਜਾਰੀ ਕੀਤੇ - ਪ੍ਰਧਾਨ ਮੰਤਰੀ ਨੇ PM ਕਿਸਾਨ ਯੋਜਨਾ ਦੀ 18ਵੀਂ ਕਿਸ਼ਤ ਵੀ ਜਾਰੀ ਕੀਤੀ।
- ਹਰਿਆਣਾ 'ਚ 90 ਵਿਧਾਨ ਸਭਾ ਹਲਕਿਆਂ ਲਈ, ਇਕੋ ਗੇੜ 'ਚ ਵੋਟਿੰਗ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾ 6 ਵਜੇ ਅਮਨ ਅਮਾਨ ਨਾਲ ਮੁਕੰਮਲ ਹੋ ਗਿਆ।
- ਪੰਜਾਬ ਭਰ ਵਿਚ ਪਰਾਲੀ ਪ੍ਰਬੰਧਨ ਲਈ ਲਗਾਤਾਰ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ ।

- ਤ੍ਰਿਪੁਰਾ ਦੇ ਰਾਜਪਾਲ ਇੰਦਰਸੇਨ ਰੈਡੀ ਨਲੂ ਪਰਿਵਾਰ ਸਮੇਤ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ।

**ਤੇ ਹੁਣ ਖਬਰਾਂ ਵਿਸਥਾਰ ਨਾਲ......**

-------------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਹਾਰਾਸ਼ਟਰ ਦੇ ਵਾਸ਼ਿਮ ਤੋਂ, ਲਗਭਗ 23 ਹਜ਼ਾਰ 300 ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ । ਇਹ ਪ੍ਰਾਜੈਕਟ ਖੇਤੀਬਾੜੀ ਅਤੇ ਪਸ਼ੂ ਪਾਲਣ ਖੇਤਰ ਨਾਲ ਸਬੰਧਤ ਨੇ । ਇਸ ਮੌਕੇ ਸ੍ਰੀ ਮੋਦੀ ਨੇ ਪ੍ਰਧਾਨ ਮੰਤਰੀ-ਕਿਸਾਨ ਸਨਮਾਨ ਨਿਧਿ ਯੋਜਨਾ ਦੀ 18ਵੀਂ ਕਿਸ਼ਤ ਵੀ ਜਾਰੀ ਕੀਤੀ । ਇਸ ਮੌਕੇ ਉਨ੍ਹਾਂ ਕਿਹਾ ਕਿ ਦੇਸ਼ ਭਰ ਦੇ 9 ਕਰੋੜ 40 ਲੱਖ ਤੋਂ ਵੱਧ ਕਿਸਾਨਾਂ ਨੂੰ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਸਿੱਧਾ ਵਿੱਤੀ ਲਾਭ ਮਿਲਿਆ ਏ । **BYTE:** ਇਸ ਮੌਕੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਹੋਰ ਪਤਵੰਤੇ ਮੌਜੂਦ ਰਹੇ ।

------------------------------------------------------------------------------------------

ਪ੍ਰਧਾਨ ਮੰਤਰੀ ਨੇ ਮਹਾਰਾਸ਼ਟਰ ਦੇ ਵਾਸ਼ਿਮ ਵਿਖੇ ਬੰਜਾਰਾ ਭਾਈਚਾਰੇ ਦੇ ਵਿਰਾਸਤੀ ਅਜਾਇਬ ਘਰ ਦਾ ਉਦਘਾਟਨ ਵੀ ਕੀਤਾ। ਚਾਰ ਮੰਜ਼ਿਲਾ ਅਜਾਇਬ ਘਰ ਵਿੱਚ, ਬੰਜਾਰਾ ਭਾਈਚਾਰੇ ਦੇ ਨੇਤਾਵਾਂ ਅਤੇ ਬੰਜਾਰਾ ਅੰਦੋਲਨ ਦੀਆਂ ਤਸਵੀਰਾਂ ਰਾਹੀਂ ਬੰਜਾਰਾ ਵਿਰਾਸਤ ਨੂੰ ਦਰਸਾਉਂਦੀਆਂ 13 ਗੈਲਰੀਆਂ ਨੇ । ਇਸ ਮੌਕੇ ਸ੍ਰੀ ਮੋਦੀ ਨੇ ਸਰਕਾਰ ਵੱਲੋਂ ਬੰਜਾਰਾ ਭਾਈਚਾਰੇ ਦੀ ਭਲਾਈ ਲਈ ਚੁੱਕੇ ਗਏ ਕਦਮਾਂ ਬਾਰੇ ਚਾਨਣਾ ਪਾਇਆ। ਪ੍ਰਧਾਨ ਮੰਤਰੀ ਨੇ ਵਾਸ਼ਿਮ ਵਿੱਚ ਪੋਹਰਾਦੇਵੀ ਵਿੱਚ ਜਗਦੰਬਾ ਮੰਦਰ ਦੇ ਵੀ ਦਰਸ਼ਨ ਕੀਤੇ।

------------------------------------------------------------------------------------------

ਹਰਿਆਣਾ 'ਚ 90 ਵਿਧਾਨ ਸਭਾ ਹਲਕਿਆਂ ਲਈ, ਇਕੋ ਗੇੜ 'ਚ ਵੋਟਿੰਗ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਅਮਨ ਅਮਾਨ ਨਾਲ ਮੁਕੰਮਲ ਹੋ ਗਿਆ। ਚੋਣ ਕਮਿਸ਼ਨ ਵੱਲੋਂ ਸ਼ਾਮ 5 ਵਜੇ ਤੱਕ ਜਾਰੀ ਕੀਤੀ ਗਈ ਰਿਪੋਰਟ ਮੁਤਾਬਕ ਹਰਿਆਣਾ ਸੂਬੇ ਵਿੱਚ 61 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ। ਪੋਲਿੰਗ ਸਟੇਸ਼ਨਾਂ ਦੇ ਬਾਹਰ ਕਤਾਰਾਂ

ਵਿੱਚ ਲੱਗੇ ਲੋਕਾਂ ਤੋਂ ਸ਼ਾਮ 6 ਵਜੇ ਤੱਕ ਵੋਟਾਂ ਪਵਾਈਆਂ ਗਈਆਂ । 6 ਵਜੇ ਤੋਂ ਬਾਅਦ ਕੋਈ ਵੋਟਰ ਲਾਈਨਾਂ ਵਿੱਚ ਨਹੀਂ ਲਗਿਆ । ਦੋ ਕਰੋੜ ਤਿੰਨ ਲੱਖ ਤੋਂ ਵੱਧ ਵੋਟਰ, ਇਕ ਹਜ਼ਾਰ 31 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ । ਸੂਬੇ ਭਰ ਵਿੱਚ ਕੁੱਲ 20 ਹਜ਼ਾਰ 632 ਪੋਲਿੰਗ ਸਟੇਸ਼ਨ ਬਣਾਏ ਗਏ ਸਨ । ਸੂਬੇ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਦੱਸਿਆ ਕਿ ਵੋਟਿੰਗ ਨੂੰ ਆਜ਼ਾਦ, ਨਿਰਪੱਖ ਅਤੇ ਨਿਰਵਿਘਨ ਯਕੀਨੀ ਬਣਾਉਣ ਲਈ ਵੈਬਕਾਸਟਿੰਗ ਸਹੂਲਤ ਦੇ ਨਾਲ-ਨਾਲ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਉਨ੍ਹਾਂ ਦਸਿਆ ਕਿ ਸੂਬੇ ਵਿਚ ਚੋਂ ਅਮਲ ਬਿਨਾ ਕਿਸੇ ਰੁਕਾਵਟ ਦੇ ਸ਼ਾਂਤੀਪੂਰਨ ਢੰਗ ਨਾਲ ਮੁਕੰਮਲ ਹੋਇਆ ਏ ।

---

ਗੁਰਦਾਸਪੁਰ ਜ਼ਿਲਾ ਪ੍ਰਸ਼ਾਸ਼ਨ ਵਲੋਂ ਪਰਾਲੀ ਪ੍ਰਬੰਧਨ ਲਈ ਲਗਾਤਾਰ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ ।

ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਅੱਜ ਕਲਾਨੌਰ ਦੇ ਸਰਹੱਦੀ ਪਿੰਡਾਂ ਭਿਖਾਰੀਵਾਲ ਤੇ ਦੋਸਤਪੁਰ ਵਿਖੇ ਪੁਹੰਚ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਅਤੇ ਪਰਾਲੀ ਪ੍ਰਬੰਧਨ ਲਈ ਖੁਦ ਟਰੈਕਟਰ 'ਤੇ ਬੈਠ ਕੇ ਖੇਤ ਵਿੱਚੋਂ ਬੇਲਰ ਰਾਹੀਂ ਪਰਾਲੀ ਦੀਆਂ ਗੱਠਾਂ ਬਣਵਾਈਆਂ। ਇਸ ਮੌਕੇ ਉਨ੍ਹਾਂ ਦੇ ਨਾਲ ਐਸ. ਐਸ. ਪੀ ਹਰੀਸ਼ ਦਾਯਮਾ ਵੀ ਮੋਜੂਦ ਰਹੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦੀਦਿਆਂ ਦਸਿਆ । BYTE:= ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨ, ਮਸ਼ੀਨਰੀ ਦੀ ਬੁਕਿੰਗ ਲਈ ਪੰਜਾਬ ਸਰਕਾਰ ਵੱਲੋਂ ਤਿਆਰ **ਕੀਤੀ 'ਉੱਨਤ ਕਿਸਾਨ' ਐਪ ਦੀ ਵਰਤੋਂ ਕਰ।**

---------------------------------------------------------------------------

ਬਾਬਾ ਬਕਾਲਾ ਸਾਹਿਬ ਦੇ ਉਪ ਮੰਡਲ ਮੈਜਿਸਟਰੇਟ ਅਮਨਪ੍ਰੀਤ ਸਿੰਘ ਵੱਲੋਂ ਖੇਤੀ ਬਾੜੀ ਵਿਭਾਗ ਦੇ ਅਫਸਰਾਂ ਅਤੇ ਥਾਣਾ ਮੱਤੇਵਾਲ ਦੇ ਅਧਿਕਾਰੀਆਂ ਨਾਲ ਮਿਲ ਕੇ ਪਿੰਡਾ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾ ਨੂੰ ਫਸਲਾਂ ਦੀ ਰਹਿੰਦ ਖੂਹਦ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ । ਉਨ੍ਹਾਂ ਦਸਿਆ ਕਿ ਫਸਲਾਂ ਦੀ ਰਹਿੰਦ

ਖ਼ੂਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਨਸ਼ਟ ਹੁੰਦੀ ਹੈ, ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਏ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਨੇ ।

---------------------------------------------------------------------------

ਤਰਨਤਾਰਨ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਥਾਂ ਓਸ ਦੇ ਸੁਚੱਜੇ ਪ੍ਰਬੰਧਾਂ ਸਬੰਧੀ ਜਾਣਕਾਰੀ ਦੇਣ ਲਈ ਪਰਾਲੀ ਪ੍ਰਬੰਧਨ ਯੋਜਨਾ ਤਹਿਤ ਸੂਚਨਾ ਸਿੱਖਿਆ ਅਤੇ ਪ੍ਰਸਾਰ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਨੇ । ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪਾਲ ਸਿੰਘ ਪੰਨੂ ਨੇ ਦਸਿਆ ਕਿ ਇਹਨਾਂ ਗਤੀਵਿਧੀਆਂ ਵਿੱਚ ਮੁੱਖ ਤੌਰ ਤੇ ਪਿੰਡ ਅਤੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ, ਪ੍ਰਚਾਰ ਵੈਨਾਂ ਰਾਹੀਂ ਮਿਆਦੀ, ਵਾਲ ਪੇਂਟਿੰਗ, ਪਰਾਲੀ ਪ੍ਰਬੰਧਨ ਵਿਸ਼ੇ ਉੱਪਰ ਆਸ਼ਾ ਵਰਕਰਾਂ ਨੂੰ ਟ੍ਰੇਨਿੰਗ, ਸਕੂਲ ਗਤੀਵਿਧੀਆਂ ਵਿੱਚ ਭਾਸ਼ਣ, ਲੇਖ ਅਤੇ ਪੋਸਟਰ ਮੁਕਾਬਲੇ ਕਰਵਾਉਣੇ ਸ਼ਾਮਿਲ ਨੇ । ਉਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਜ਼ਿਲੇ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘੱਟ ਕੀਤਾ ਜਾਵੇਗਾ ਅਤੇ ਕਿਸਾਨਾਂ ਨੂੰ

ਪਰਾਲੀ ਪ੍ਰਬੰਧਨ ਕਰਨ ਵਾਸਤੇ ਹਰ ਤਰ੍ਹਾਂ ਦੀ ਮਸ਼ੀਨਰੀ ਅਤੇ ਤਕਨੀਕੀ ਸਹਾਇਤਾ ਮੁਹਈਆ ਕਰਵਾਈ ਜਾਵੇਗੀ।

---------------------------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਪਿੰਡ ਭੱਠਲਾਂ ਵਿਖੇ, ਕਰਨਲ ਭੁਪਿੰਦਰਪਾਲ ਸਿੰਘ ਦੇ ਖੇਤਾਂ 'ਚ ਪਰਾਲੀ ਪ੍ਰਬੰਧਨ ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਖੇਤ ਦਿਵਸ ਮਨਾਇਆ।

ਮਾਨਵ ਵਿਕਾਸ ਸੰਸਥਾਨ ਦੇ ਸਹਿਯੋਗ ਨਾਲ ਮਨਾਏ ਗਏ ਇਸ ਖੇਤ ਦਿਵਸ ਮੌਕੇ ਖੇਤੀਬਾੜੀ ਵਿਸਥਾਰ ਅਫ਼ਸਰ ਰਵਿੰਦਰਪਾਲ ਸਿੰਘ ਚੱਠਾ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਅਤੇ ਪਰਾਲੀ ਪ੍ਰਬੰਧਨ ਸਬੰਧੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ, ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਦੇ ਲਾਭ ਅਤੇ ਝੋਨੇ ਦੀਆਂ ਬਿਮਾਰੀਆਂ ਸਬੰਧੀ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਖੇਤੀਬਾੜੀ ਅਫ਼ਸਰ ਗੁਰਮੀਤ ਸਿੰਘ, ਪਿੰਡ ਭੱਠਲਾਂ, ਮਿੱਠੂ ਮਾਜਰਾ, ਚਮਾਰਹੇੜੀ ਤੇ ਰਾਏਪੁਰ ਮੰਡਲਾ ਦੇ ਕਿਸਾਨ ਵੀ ਮੌਜੂਦ ਸਨ।

---

ਤ੍ਰਿਪੁਰਾ ਦੇ ਰਾਜਪਾਲ ਇੰਦਰਸੇਨ ਰੈਡੀ ਨਲੂ, ਅੱਜ ਪਰਿਵਾਰ ਸਮੇਤ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਅਤੇ ਹੋਰਨਾਂ ਅਧਿਕਾਰੀਆਂ ਨੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਰਾਜਪਾਲ ਇੰਦਰਸੇਨ ਰੈਡੀ ਅਤੇ ਉਨ੍ਹਾਂ ਦੀ ਪਤਨੀ ਰੇਣੂਕਾ ਨਲੂ ਨੂੰ, ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਰਾਜਪਾਲ ਆਪਣੇ ਪਰਿਵਾਰ ਨਾਲ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ, ਜਿਥੇ ਉਨ੍ਹਾਂ ਨੇ ਲੰਗਰ ਛਕਿਆ ਅਤੇ ਸੇਵਾ ਕੀਤੀ। ਇਸ ਮੌਕੇ ਰਾਜਪਾਲ ਨੇ ਆਪਣੀਆਂ ਭਾਵਨਾਵਾਂ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਿਕ ਕੇਂਦਰ ਏ। ਇਸ ਪਾਵਨ ਅਸਥਾਨ ਦੇ ਦਰਸ਼ਨਾਂ ਦਾ ਸੁਭਾਗ ਮਿਲਣ ’ਤੇ ਉਹ ਪਰਮਾਤਮਾ ਦਾ ਸ਼ੁਕਰਾਨਾ ਕਰਦੇ ਨੇ ਅਤੇ ਗੁਰੂ ਕੇ ਲੰਗਰ ਵਿਚ ਸੇਵਾ ਕਰਨਾ ਉਨ੍ਹਾਂ ਲਈ

ਯਾਦਗਾਰੀ ਰਹੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ।

--------------------------------------------------------------------------------

ਭਾਰਤੀ ਕਿਸਾਨ ਜਥੇਬੰਦੀ ਰਾਜੇਵਾਲ ਨੇ  ਡੀ.ਏ.ਪੀ ਖਾਦ ਦੀ ਘਾਟ ਅਤੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਨੂੰ ਲੈ ਕੇ, ਆਮ ਆਦਮੀ ਪਾਰਟੀ ਦੇ ਫਤਿਹਗੜ੍ਹ ਸਾਹਿਬ ਦਫਤਰ ਵਿਖੇ, ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਅਤੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੂੰ ਇੱਕ ਚਿਤਾਵਨੀ ਪੱਤਰ ਦਿੱਤਾ। ਭਾਰਤੀ ਕਿਸਾਨ ਜਥੇਬੰਦੀ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਜੱਲਾ ਅਤੇ ਜ਼ਿਲ੍ਹਾ ਯੂਥ ਪ੍ਰਧਾਨ ਜਰਨੈਲ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਪਹਿਲੀ  ਅਕਤੂਬਰ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਆੜਤੀਆਂ ਵੱਲੋਂ ਹੜਤਾਲ ਕੀਤੀ ਗਈ ਏ ਇਸੇ ਕਾਰਨ ਅਜੇ ਤੱਕ ਮੰਡੀਆਂ ਵਿੱਚ ਖਰੀਦ ਸ਼ੁਰੂ ਨਹੀਂ ਕੀਤੀ ਗਈ ਉਹਨਾਂ ਕਿਹਾ ਕਿ ਜੇਕਰ ਸਰਕਾਰ ਵਲੋਂ ਇਹਨਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਅਗਲੇ ਦੋ ਦਿਨਾਂ ਬਾਅਦ ਵੱਡਾ ਸੰਘਰਸ਼ ਉਲੀਕਿਆ ਜਾਵੇਗਾ।

---------------------------------------------------------------------------------

ਓਧਰ ਮੁਹਾਲੀ ਵਿਚ ਵੀ ਪੰਜ ਦਿਨ ਮਗਰੋਂ ਵੀ ਮੰਡੀ ਚ ਫਸਲ ਦੀ ਆਮਦ ਨਾਲ ਹੋਣ 'ਤੇ ਆੜ੍ਹਤੀ, ਮਜਦੂਰ, ਪੱਲੇਦਾਰ, ਸ਼ੈਲਰ ਮਾਲਕ ਤੇ ਖਾਸਕਰ ਕਿਸਾਨ ਪਰੇਸ਼ਾਨ ਨੇ । ਸਾਰਿਆਂ ਨੇ ਮੌਜੂਦਾ ਸਰਕਾਰ ਨੂੰ ਇਸ ਮਸਲੇ ਦੇ ਛੇਤੀ ਹਲ ਕਰਨ ਦੀ ਮੰਗ ਕਰਦਿਆਂ ਆਪਣੀਆ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ । ਓਧਰ ਕਿਸਾਨ ਜਥੇਬੰਦੀਆਂ ਦੇ ਆਗੂਆਂ ਅਤੇ ਕਿਸਾਨਾਂ ਨੇ ਵੀ ਝੋਨੇ ਦੀ ਖਰੀਦ ਤੁਰੰਤ ਕਰਵਾਉਣ ਤੇ ਫਸਲ ਦੀ ਚੁਕਾਈ ਤੇ ਅਦਾਇਗੀ ਸਮੇਂ ਸਿਰ ਯਕੀਨੀ ਬਣਾਉਣ ਦੀ ਅਪੀਲ ਕੀਤੀ।

---------------------------------------------------------------------------------

ਪਟਿਆਲਾ ਜ਼ਿਲ੍ਹੇ ਵਿੱਚ ਚੱਲ ਰਹੇ ਸਮੂਹ ਰੈੱਡ ਰਿਬਨ ਕਲੱਬਾਂ ਦਾ ਐਚ.ਆਈ.ਵੀ ਬਾਰੇ ਜਾਗਰੂਕਤਾ ਰੀਲ ਮੇਕਿੰਗ ਮੁਕਾਬਲਾ, ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ ਵਿਖੇ ਕਰਵਾਇਆ ਗਿਆ।

ਪਟਿਆਲਾ ਯੁਵਕ ਸੇਵਾਵਾਂ ਦੇ ਸਹਾਇਕ ਡਾਇਰੈਕਟਰ ਡਾ. ਦਿਲਵਰ ਸਿੰਘ ਨੇ ਦੱਸਿਆ ਕਿ ਇਸ ਵਿੱਚ ਵੱਖ-ਵੱਖ ਕਾਲਜਾਂ ਦੇ ਰੈੱਡ ਰਿਬਨ

ਕਲੱਬਾਂ ਦੇ ਮੈਂਬਰਾਂ ਨੇ ਹਿੱਸਾ  ਲਿਆ। ਡਾ. ਦਿਲਵਰ ਸਿੰਘ ਨੇ ਦੱਸਿਆ ਕਿ ਇਹ ਰੀਲ ਮੇਕਿੰਗ ਮੁਕਾਬਲੇ ਵਿਚ ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਚੰਡੀਗੜ੍ਹ ਵੱਲੋਂ ਵਿਸ਼ੇਸ਼ ਸਹਿਯੋਗ ਕੀਤਾ ਗਿਆ । ਉਹਨਾਂ ਦੱਸਿਆ ਕਿ ਇਸ ਰੀਲ ਮੇਕਿੰਗ ਮੁਕਾਬਲੇ ਦਾ ਮੁੱਖ ਮਕਸਦ ਨੌਜਵਾਨਾਂ ਦੀ ਪ੍ਰਤਿਭਾ ਨੂੰ ਖੋਜਦਿਆਂ ਹੋਇਆਂ ਐਚ.ਆਈ. ਵੀ. ਏਡਜ਼ ਸਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਸੋਸ਼ਲ ਮੀਡੀਆ ਪਲੇਟ ਫਾਰਮ ਦੀ ਵਰਤੋਂ ਕਰਦਿਆਂ ਹੋਇਆਂ  ਲੋਕਾਂ ਨੂੰ ਇੱਕ ਸੁਨੇਹਾ ਪਹੁੰਚਾਉਣਾ ਏ। ਉਹਨਾਂ ਨੇ ਦੱਸਿਆ ਕਿ ਭਾਵੇਂ ਰੀਲ ਸਿਰਫ 30 ਸੈਕੰਡ ਤੋਂ ਲੈ ਕੇ ਇੱਕ ਮਿੰਟ ਤੱਕ ਦੀ ਏ, ਪਰ ਇਸ ਵਿੱਚ ਵਿਦਿਆਰਥੀਆਂ ਵੱਲੋਂ ਬਹੁਤ ਵੱਡਾ ਸੁਨੇਹਾ ਸਮਾਜ ਨੂੰ ਦਿੱਤਾ ਗਿਆ ਏ।  ਇਸ ਰੀਲ ਮੇਕਿੰਗ ਮੁਕਾਬਲੇ ਲਈ ਚਾਰ ਵਿਸ਼ੇ ਦਿੱਤੇ ਗਏ ਸਨ । ਪ੍ਰਿੰਸੀਪਲ ਡਾ. ਦਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਉਹ ਅਜੋਕੇ ਸਮੇਂ ਦੇ ਹਾਣੀ ਬਣ ਕੇ ਸਮਾਜ ਵਿੱਚ ਫੈਲੀਆਂ ਹੋਈਆਂ ਮਹਾਂਮਾਰੀਆਂ ਅਤੇ ਕੁਰੀਤੀਆਂ ਨੂੰ ਦੂਰ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਨੇ।

---------------------------------------------------------------------------

## ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਰਾਸ਼ਟਰ ਦੇ ਵਾਸ਼ਿਮ ਵਿੱਚ 23 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਕਈ ਵਿਕਾਸ ਪ੍ਰੋਜੈਕਟ ਜਾਰੀ ਕੀਤੇ - ਪ੍ਰਧਾਨ ਮੰਤਰੀ ਨੇ PM ਕਿਸਾਨ ਯੋਜਨਾ ਦੀ 18ਵੀਂ ਕਿਸ਼ਤ ਵੀ ਜਾਰੀ ਕੀਤੀ ।
- ਹਰਿਆਣਾ 'ਚ 90 ਵਿਧਾਨ ਸਭਾ ਹਲਕਿਆਂ ਲਈ, ਇਕੋ ਗੇੜ 'ਚ ਵੋਟਿੰਗ ਦਾ ਅਮਲ ਹੁਣ ਤੋਂ ਥੋੜੀ ਦੇਰ ਪਹਿਲਾ 6 ਵਜੇ ਅਮਨ ਅਮਾਨ ਨਾਲ ਮੁਕੰਮਲ ਹੋ ਗਿਆ ।
- ਪੰਜਾਬ ਭਰ ਵਿਚ ਪਰਾਲੀ ਪ੍ਰਬੰਧਨ ਲਈ ਲਗਾਤਾਰ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ ।
- ਤ੍ਰਿਪੁਰਾ ਦੇ ਰਾਜਪਾਲ ਇੰਦਰਸੇਨ ਰੈਡੀ ਨਲੂ ਪਰਿਵਾਰ ਸਮੇਤ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ।